ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 105 ਦੀ ਨਕਲ :-**

ਬੀਬੀ ਸੋਨੀਆ (ਸੁਪਤਨੀ ਸ੍ਰ. ਭੋਲਾ ਸਿੰਘ) ਪਿੰਡ ਜਿਊਣਵਾਲਾ (ਫਰੀਦਕੋਟ) ਵੱਲੋਂ ਆਪਣੇ ਪਤੀ ਦੇ ਡੇਰਾ ਪ੍ਰੇਮੀ ਪ੍ਰਦੀਪ ਕਟਾਰੀਆ ਦੇ ਕਤਲ ਕੇਸ ਵਿਚ ਜੇਲ੍ਹ ਵਿਚ ਨਜ਼ਰਬੰਦ ਹੋਣ ਦਾ ਹਵਾਲਾ ਦਿੰਦਿਆਂ ਸਹਾਇਤਾ ਲੈਣ ਦੀ ਮੰਗ ਪੁੱਜੀ ਹੈ। ਲੇਖਾ ਸ਼ਾਖਾ ਵਿਭਾਗ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੀ ਰਿਪੋਰਟ ਅਨੁਸਾਰ ਸਬੰਧਤਾਂ ਨੂੰ ਹੁਣ ਤੀਕ ਪੰਜ ਲੱਖ ਰੁਪਏ ਸਹਾਇਤਾ ਜਾ ਚੁੱਕੀ ਹੈ। ਅੱਗੋਂ ਹੋਰ ਸਹਾਇਤਾ ਦੇਣ ਦਾ ਮਾਮਲਾ, **ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਬੀਬੀ ਸੋਨੀਆ (ਸੁਪਤਨੀ ਸ੍ਰ. ਭੋਲਾ ਸਿੰਘ) ਨੂੰ ਧਰਮ ਅਰਥ ਫੰਡ ਵਿਚੋਂ 1,00,000/-ਅੱਖਰੀਂ ਇੱਕ ਲੱਖ ਰੁਪਏ ਕੇਵਲ ਸਹਾਇਤਾ ਅਦਾ ਕਰਨ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 32997 (ਟ) ਮਿਤੀ 22-01-2026

ਉਤਾਰਾ: 1. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 107 ਦੀ ਨਕਲ :-

ਅੰਤ੍ਰਿੰਗ ਕਮੇਟੀ ਦੇ ਮਤਾ ਨੰ:96, ਮਿਤੀ 05-01-2024 ਰਾਹੀਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਹੇਠ ਚਲ ਰਹੇ ਸਕੂਲਾਂ/ਕਾਲਜਾਂ ਵਿਚ ਪੜ੍ਹਦੇ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਿਦਿਅਕ ਸੈਸ਼ਨ 2024-25 ਦੌਰਾਨ ਵਜ਼ੀਫਾ ਦੇਣ ਦੀ ਹੋਈ ਪ੍ਰਵਾਨਗੀ ਦੀ ਲਗਾਤਾਰਤਾ ਵਿਚ ਵਿਦਿਅਕ ਸੈਸ਼ਨ 2025-26 ਲਈ ਹੇਠ ਲਿਖੇ ਅਨੁਸਾਰ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫਾ ਦੇਣ ਦਾ ਮਾਮਲਾ.

| | | |
|---|---|---|
| 01. | ਛੇਵੀਂ ਤੋਂ ਦਸਵੀਂ ਕਲਾਸ | =3,500/-ਰੁਪਏ |
| 02. | ਗਿਆਰ੍ਹਵੀਂ ਤੋਂ ਬਾਰ੍ਹਵੀਂ ਕਲਾਸ | =5,000/-ਰੁਪਏ |
| 03. | ਗ੍ਰੈਜੂਏਟ ਕਲਾਸਾਂ | =8,000/-ਰੁਪਏ |
| 04. | ਪੋਸਟ ਗ੍ਰੈਜੂਏਟ ਕਲਾਸਾਂ | =10,000/-ਰੁਪਏ |

ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਵਿੱਦਿਅਕ ਸੈਸ਼ਨ 2025-26 ਲਈ ਹੇਠ ਲਿਖੇ ਅਨੁਸਾਰ ਅੰਮ੍ਰਿਤਧਾਰੀ ਵਿਦਿਆਰਥੀਆਂ ਨੂੰ ਵਜ਼ੀਫਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।

| | | |
|---|---|---|
| 01. | ਛੇਵੀਂ ਤੋਂ ਦਸਵੀਂ ਕਲਾਸ | =4,000/-ਰੁਪਏ |
| 02. | ਗਿਆਰ੍ਹਵੀਂ ਤੋਂ ਬਾਰ੍ਹਵੀਂ ਕਲਾਸ | =5,500/-ਰੁਪਏ |
| 03. | ਗ੍ਰੈਜੂਏਟ ਕਲਾਸਾਂ | =8,500/-ਰੁਪਏ |
| 04. | ਪੋਸਟ ਗ੍ਰੈਜੂਏਟ ਕਲਾਸਾਂ | =10,500/-ਰੁਪਏ |

ਇਹ ਵੀ ਪ੍ਰਵਾਨ ਹੋਇਆ ਕਿ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ ਇਹ ਵਜੀਫਾ ਕੇਵਲ ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਸਿੱਧੇ ਪ੍ਰਬੰਧ ਅਧੀਨ ਚੱਲ ਰਹੇ ਵਿੱਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੂੰ ਹੀ ਅਦਾ ਕੀਤਾ ਜਾਵੇਗਾ।

ਇਸ ਸਬੰਧੀ ਹੋਰ ਕੋਈ ਸ਼ਰਤ ਲਾਗੂ ਨਹੀਂ ਹੋਵੇਗੀ। ਵਿਦਿਆਰਥੀਆਂ ਨੂੰ ਵਜੀਫਾ ਦੇਣ ਲਈ ਲੋੜੀਂਦੀਆਂ ਸ਼ਰਤਾਂ ਅਤੇ ਯੋਗਤਾਵਾਂ ਸਬੰਧਤ ਸੰਸਥਾ ਦੇ ਪ੍ਰਿੰਸੀਪਲ ਵੱਲੋਂ ਚੈੱਕ ਕਰ/ਕਰਵਾ ਕੇ ਡਾਇਰੈਕਟੋਰੇਟ ਆਫ ਐਜੂਕੇਸ਼ਨ ਪਾਸੋਂ ਤਸਦੀਕ ਕਰਵਾ ਕੇ, ਕੇਸ ਦਫਤਰ ਧਰਮ ਪ੍ਰਚਾਰ ਕਮੇਟੀ ਵਿਖੇ ਭੇਜੇ ਜਾਣ।

ਇਹ ਵੀ ਪ੍ਰਵਾਨ ਹੋਇਆ ਕਿ ਉਪਰੋਕਤ ਵਜੀਫਾ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਦਾ ਧਰਮ ਪ੍ਰਚਾਰ ਕਮੇਟੀ ਦੀ ਪ੍ਰੀਖਿਆ ਵਿੱਚ ਭਾਗ ਲੈਣਾ ਲਾਜਮੀ ਹੋਵੇਗਾ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ ਫ.30070.(T)

ਮਿਤੀ 22-01-2026

ਉਤਾਰਾ:
1. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
2. ਡਾਇਰੈਕਟਰ ਜੀ, ਡਾਇਰੈਕਟੋਰੇਟ ਆਫ਼ ਐਜੂਕਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਹਾਦਰਗੜ੍ਹ (ਪਟਿਆਲਾ)
3. ਇੰਚਾਰਜ ਜੀ, ਵਿੱਦਿਆ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ, ਧਾਰਮਿਕ ਪ੍ਰੀਖਿਆ, ਧਰਮ ਪ੍ਰਚਾਰ ਕਮੇਟੀ।
5. ਲਖਾਕਾਰ ਜੀ, ਧਰਮ ਪ੍ਰਚਾਰ ਕਮੇਟੀ।

ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 150 ਦੀ ਨਕਲ :-**

ਆਮ ਆਦਮੀ ਪਾਰਟੀ ਦੀ ਆਗੂ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਮਾਰਲੇਨਾ ਸਿੰਘ ਵੱਲੋਂ ਦਿੱਲੀ ਵਿਧਾਨ ਸਭਾ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਰੇ ਅਪਮਾਨਜਨਕ ਟਿੱਪਣੀ ਕਰਨ ਦਾ ਮਾਮਲਾ, ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਆਮ ਆਦਮੀ ਪਾਰਟੀ ਦੀ ਆਗੂ ਅਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਮਾਰਲੇਨਾ ਸਿੰਘ ਵੱਲੋਂ ਦਿੱਲੀ ਵਿਧਾਨ ਸਭਾ ਵਿਚ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਬਾਰੇ ਅਪਮਾਨਜਨਕ ਟਿੱਪਣੀ ਕਰਨ ਦੀ ਘਟੀਆ ਮਾਨਸਿਕਤਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦੀ ਹੈ। ਦਿੱਲੀ ਦੀ ਆਪ ਆਗੂ ਆਤਿਸ਼ੀ ਮਾਰਲੇਨਾ ਸਿੰਘ ਵੱਲੋਂ ਦਿੱਤਾ ਗਿਆ ਬਿਆਨ ਸਿੱਖ ਭਾਵਨਾਵਾਂ ਨੂੰ ਠੇਸ ਪਹੁੰਚਾਉਣ ਵਾਲਾ ਹੈ, ਜਿਸ ਨੂੰ ਸਿੱਖ ਕੌਮ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਧਰਮ ਦੀ ਰੱਖਿਆ ਲਈ ਦਿੱਲੀ ਵਿਖੇ ਸ਼ਹਾਦਤ ਦਿਤੀ। ਦਿੱਲੀ ਦੀ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੀ ਆਗੂ ਤੇ ਦਿੱਲੀ ਦੀ ਸਾਬਕਾ ਮੁੱਖ ਮੰਤਰੀ ਆਤਿਸ਼ੀ ਮਾਰਲੇਨਾ ਸਿੰਘ ਵੱਲੋਂ ਗੁਰੂ ਸਾਹਿਬ ਪ੍ਰਤੀ ਬੇਹੱਦ ਅਪਮਾਨਜਨਕ ਸ਼ਬਦਾਵਲੀ ਦੀ ਵਰਤੋਂ ਕਰਨੀ ਜਿਥੇ ਮੰਦਭਾਗਾ ਹੈ, ਉਥੇ ਹੀ ਇਹ ਆਮ ਆਦਮੀ ਪਾਰਟੀ ਦੀ ਸੋਚ ਦਾ ਪ੍ਰਗਟਾਵਾ ਵੀ ਹੈ। ਸ਼੍ਰੋਮਣੀ ਗੁ: ਪ੍ਰ: ਕਮੇਟੀ ਮੰਗ ਕਰਦੀ ਹੈ ਕਿ ਵਿਰੋਧੀ ਧਿਰ ਦੀ ਆਗੂ ਆਤਿਸ਼ੀ ਮਾਰਲੇਨਾ ਸਿੰਘ ਦੀ ਮੈਂਬਰਸ਼ਿਪ ਤੁਰੰਤ ਰੱਦ ਕੀਤੀ ਜਾਵੇ ਅਤੇ ਇਸਦੇ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ। ਅੱਜ ਦੀ ਇਹ ਇਕੱਤਰਤਾ ਸ਼੍ਰੋਮਣੀ ਗੁ: ਪ੍ਰ: ਕਮੇਟੀ ਵੱਲੋਂ ਸਾਬਕਾ ਮੁੱਖ ਮੰਤਰੀ ਆਤਿਸ਼ੀ ਮਾਰਲੇਨਾ ਸਿੰਘ ਖਿਲਾਫ ਸ੍ਰ. ਰਘੂਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ, ਸ੍ਰ. ਬਲਦੇਵ ਸਿੰਘ ਕਲਿਆਣ ਜੂਨੀਅਰ ਮੀਤ ਪ੍ਰਧਾਨ, ਸ੍ਰ. ਸ਼ੇਰ ਸਿੰਘ ਮੰਡਵਾਲਾ ਜਨਰਲ ਸਕੱਤਰ ਅਤੇ ਸ੍ਰ. ਗੁਰਪ੍ਰੀਤ ਸਿੰਘ ਝੱਬਰ ਅੰਤ੍ਰਿੰਗ ਮੈਂਬਰ ਸ਼੍ਰੋਮਣੀ ਗੁ:ਪ੍ਰ: ਕਮੇਟੀ ਦੀ ਨਿਗਰਾਨੀ ਹੇਠ ਇੰਚਾਰਜ ਸਿੱਖ ਮਿਸ਼ਨ ਦਿੱਲੀ ਅਤੇ ਕਾਨੂੰਨ ਵਿਭਾਗ ਸ਼੍ਰੋਮਣੀ ਗੁ:ਪ੍ਰ:ਕਮੇਟੀ ਰਾਹੀਂ ਕਾਨੂੰਨੀ ਕਾਰਵਾਈ ਕਰਨ ਦੀ ਪ੍ਰਵਾਨਗੀ ਦਿੰਦੀ ਹੈ।ਇਸ ਕਾਰਜ ਲਈ ਹਰ ਪ੍ਰਕਾਰ ਦੇ ਖਰਚ, ਸ਼੍ਰੋਮਣੀ ਗੁ:ਪ੍ਰ:ਕਮੇਟੀ ਦੇ ਫੰਡਾਂ ਵਿਚੋਂ ਕਰਨ ਦੀ ਵੀ ਪ੍ਰਵਾਨਗੀ ਦਿੱਤੀ ਜਾਂਦੀ ਹੈ। ਐਫ.ਆਈ.ਆਰ. ਦਰਜ਼ ਕਰਵਾਉਣ, ਅਦਾਲਤ ਵਿਖੇ ਕੇਸ ਦਰਜ ਕਰਨ, ਦਰਖਾਸਤ ਦੇਣ, ਵਕੀਲ ਕਰਨ, ਬਿਆਨ ਦੇਣ ਤੇ ਹੋਰ ਹਰ ਪ੍ਰਕਾਰ ਦੀ ਕਾਰਵਾਈ ਕਰਨ ਦੇ ਅਧਿਕਾਰ ਸ੍ਰ. ਪ੍ਰਤਾਪ ਸਿੰਘ ਸਕੱਤਰ, ਸ੍ਰ. ਅਮਨਬੀਰ ਸਿੰਘ ਸਿਆਲੀ ਕਾਨੂੰਨੀ ਸਲਾਹਕਾਰ, ਸ੍ਰ. ਭੁਪਿੰਦਰ ਸਿੰਘ ਇੰਚਾਰਜ ਕਾਨੂੰਨ ਮਹਿਕਮਾਂ, ਸ਼੍ਰੋਮਣੀ ਗੁ:ਪ੍ਰ:ਕਮੇਟੀ, ਸ੍ਰ. ਮਨਵੀਤ ਸਿੰਘ ਇੰਚਾਰਜ ਸਿੱਖ ਮਿਸ਼ਨ ਦਿੱਲੀ ਧਰਮ ਪ੍ਰਚਾਰ ਕਮੇਟੀ (ਸ਼੍ਰੋਮਣੀ ਗੁ:ਪ੍ਰ:ਕਮੇਟੀ) ਨੂੰ ਸਾਂਝਿਆਂ ਤੇ ਇੱਕਲੇ-ਇੱਕਲੇ ਨੂੰ ਦਿੱਤੇ ਜਾਂਦੇ ਹਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 22153 (T) ਮਿਤੀ 20-01-2026

ਉਤਾਰਾ:
1. ਸਕੱਤਰ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਸ੍ਰ. ਅਮਨਬੀਰ ਸਿੰਘ ਜੀ ਸਿਆਲੀ, ਕਾਨੂੰਨੀ ਸਲਾਹਕਾਰ, ਸ਼੍ਰੋਮਣੀ ਗੁ:ਪ੍ਰ:ਕਮੇਟੀ।
3. ਇੰਚਾਰਜ ਜੀ, ਕਾਨੂੰਨ ਵਿਭਾਗ, ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ, ਸਿੱਖ ਮਿਸ਼ਨ ਦਿੱਲੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 163 ਦੀ ਨਕਲ :-**

ਐਡੀ: ਸਕੱਤਰ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ ਦੀ ਪੱਤ੍ਰਿਕਾ ਨੰ. 2568/2026 ਮਿਤੀ 05-1-2026 ਰਾਹੀਂ ਹਰ ਸਾਲ ਦੀ ਤਰ੍ਹਾਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ 10 ਗੂੰਗੇ ਅਤੇ ਬੋਲੇਪਨ ਨਾਲ ਪੀੜ੍ਹਤ ਬੱਚਿਆਂ ਦੇ ਕੋਕਲੀਅਰ ਇੰਮਪਲਾਂਟ ਲਗਾਉਣ ਲਈ 20,00,000/-ਰੁਪਏ ਦੀ ਸਹਾਇਤਾ ਦੇਣ ਦਾ ਪੁੱਜਾ ਮਾਮਲਾ **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ ਨੂੰ ਹਰ ਸਾਲ ਦੀ ਤਰ੍ਹਾਂ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਨੂੰ ਸਮਰਪਿਤ 10 ਗੂੰਗੇ ਅਤੇ ਬੋਲੇਪਨ ਨਾਲ ਪੀੜ੍ਹਤ ਬੱਚਿਆਂ ਦੇ ਕੋਕਲੀਅਰ ਇੰਮਪਲਾਂਟ ਲਗਾਉਣ ਲਈ ਧਰਮ ਪ੍ਰਚਾਰ ਕਮੇਟੀ ਦੇ ਫੰਡਾਂ ਵਿਚੋਂ 20,00,000/-ਅੱਖਰੀ ਵੀਹ ਲੱਖ ਰੁਪਏ ਦੀ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 93069 (T)

ਮਿਤੀ 29-01-2026

ਉਤਾਰਾ:
1. ਸਕੱਤਰ ਜੀ, ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ
2. ਸਕੱਤਰ ਜੀ, ਧਰਮ ਪ੍ਰਚਾਰ ਕਮੇਟੀ।
3. ਲੇਖਾਕਾਰ ਜੀ, ਧਰਮ ਪ੍ਰਚਾਰ ਕਮੇਟੀ ਪਾਸ-ਸਮੇਤ ਅਸਲ ਕੇਸ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 164 ਦੀ ਨਕਲ :-**

ਐਡੀ: ਸਕੱਤਰ ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ ਦੀ ਪੱਤ੍ਰਿਕਾ ਨੰ. 2663/2026 ਮਿਤੀ 14-1-2026 ਰਾਹੀਂ ਸ੍ਰੀ ਗੁਰੂ ਰਾਮਦਾਸ ਯੂਨੀਵਰਸਿਟੀ ਆਫ਼ ਹੈਲਥ ਸਾਇੰਸਜ਼, ਸ੍ਰੀ ਅੰਮ੍ਰਿਤਸਰ ਵਿਖੇ ਜੈਪੁਰ ਫੁੱਟ ਸੈਂਟਰ ਦੇ ਉਦਘਾਟਨ ਸਮੇਂ ਪ੍ਰਧਾਨ ਸਾਹਿਬ ਵੱਲੋਂ ਐਲਾਨ ਕੀਤੇ 10,00,000/-ਰੁਪਏ ਸਹਾਇਤਾ ਦੇਣ ਦਾ ਪੁੱਜਾ ਮਾਮਲਾ **ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਜੈਪੁਰ ਫੁੱਟ ਸੈਂਟਰ, ਅੰਮ੍ਰਿਤਸਰ ਨੂੰ ਧਰਮ ਅਰਥ ਫੰਡ ਵਿੱਚੋਂ 10,00,000/-ਰੁਪਏ ਸਹਾਇਤਾ ਦੇਣ ਦੀ ਪ੍ਰਵਾਨਗੀ ਦਿੱਤੀ ਜਾਂਦੀ ਹੈ।**

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅੰਮ੍ਰਿਤਸਰ।

ਨੰਬਰ 830/ਮ(ਧ)

ਮਿਤੀ 22-01 -2026

ਉਤਾਰਾ:
1. ਸਕੱਤਰ ਜੀ, ਸ੍ਰੀ ਗੁਰੂ ਰਾਮਦਾਸ ਚੈਰੀਟੇਬਲ ਹਸਪਤਾਲ ਟਰੱਸਟ, ਸ੍ਰੀ ਅੰਮ੍ਰਿਤਸਰ
2. ਲੇਖਾਕਾਰ ਜੀ, ਸ਼੍ਰੋਮਣੀ ਗੁ:ਪ੍ਰ:ਕਮੇਟੀ।

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।

ੴ ਵਾਹਿਗੁਰੂ ਜੀ ਕੀ ਫਤਹ ॥

**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਮਿਤੀ 16-01-2026 (03 ਮਾਘ ਸੰਮਤ ਨਾਨਕਸ਼ਾਹੀ 557) ਦੇ ਮਤਾ ਨੰਬਰ 189 ਦੀ ਨਕਲ :-**

ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਚਲਾਈ ਜਾ ਰਹੀ ਨਿਸਚੈ ਪ੍ਰਸਾਸ਼ਕੀ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਦੇ ਛੇ ਵਿਦਿਆਰਥੀਆਂ ਵੱਲੋਂ ਪੀ.ਸੀ.ਐਸ ਦੀ ਮੁਢਲੀ ਪ੍ਰੀਖਿਆ ਪਾਸ ਕਰਨ ਅਤੇ ਨਿਸਚੈ ਅਕੈਡਮੀ ਫਾਰ ਜੁਡੀਸ਼ੀਅਲ ਸਰਵਿਸਜ਼ ਬਹਾਦਰਗੜ੍ਹ (ਪਟਿਆਲਾ) ਦੀ ਇੱਕ ਵਿਦਿਆਰਥਣ ਵੱਲੋਂ ਕਾਨੂੰਨ ਅਫਸਰ ਦੀ ਅਸਾਮੀ ਦੀ ਪ੍ਰੀਖਿਆ ਪਾਸ ਕਰਨ ਦਾ ਮਾਮਲਾ ਅੰਤ੍ਰਿੰਗ ਕਮੇਟੀ ਦੀ ਇਕੱਤਰਤਾ ਵਿਚ ਪ੍ਰਧਾਨ ਸਾਹਿਬ ਦੀ ਆਗਿਆ ਅਤੇ ਹਾਜ਼ਰ ਮੈਂਬਰ ਸਾਹਿਬਾਨ ਦੀ ਸੰਮਤੀ ਨਾਲ ਪੇਸ਼ ਹੋਣ ਤੇ ਪ੍ਰਵਾਨ ਹੋਇਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਿੱਖ ਵਿਦਿਆਰਥੀਆਂ ਨੂੰ ਮੁਕਾਬਲਾ ਪ੍ਰੀਖਿਆਵਾਂ ਦੀ ਤਿਆਰੀ ਕਰਵਾਉਣ ਲਈ ਚਲਾਈ ਜਾ ਰਹੀ ਨਿਸਚੈ ਪ੍ਰਸਾਸ਼ਕੀ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ ਦੇ ਛੇ ਵਿਦਿਆਰਥੀਆਂ ਵੱਲੋਂ ਪੀ.ਸੀ.ਐਸ ਦੀ ਮੁਢਲੀ ਪ੍ਰੀਖਿਆ ਪਾਸ ਕਰਨ ਅਤੇ ਨਿਸਚੈ ਅਕੈਡਮੀ ਫਾਰ ਜੁਡੀਸ਼ੀਅਲ ਸਰਵਿਸਜ਼ ਬਹਾਦਰਗੜ੍ਹ (ਪਟਿਆਲਾ) ਦੀ ਇੱਕ ਵਿਦਿਆਰਥਣ ਵੱਲੋਂ ਕਾਨੂੰਨ ਅਫਸਰ ਦੀ ਅਸਾਮੀ ਦੀ ਪ੍ਰੀਖਿਆ ਪਾਸ ਕਰਨ ਦੀ ਅੱਜ ਦੀ ਅੰਤ੍ਰਿੰਗ ਕਮੇਟੀ ਦੀ ਇਹ ਇਕੱਤਰਤਾ ਭਰਪੂਰ ਸ਼ਲਾਘਾ ਕਰਦੀ ਹੈ। ਸ਼੍ਰੋਮਣੀ ਗੁ:ਪ੍ਰ:ਕਮੇਟੀ ਦਾ ਇਹ ਯਤਨ ਹੈ ਕਿ ਸਿੱਖ ਵਿਦਿਆਰਥੀ ਮੁਕਾਬਲਾ ਪ੍ਰੀਖਿਆਵਾਂ ਨੂੰ ਪਾਸ ਕਰਕੇ ਉਚ ਅਹੁੱਦਿਆ ਤੇ ਪਹੁੰਚਣ ਤਾਂ ਜੋ ਉਹ ਗੁਰੂ ਨਾਨਕ ਦੇਵ ਜੀ ਦੇ ਸਿਧਾਂਤਾ ਅਨੁਸਾਰ ਸਮਾਜ ਭਲਾਈ ਲਈ ਕੰਮ ਕਰਨ।

---

ਦਫਤਰ:-**ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,**

ਤੇਜਾ ਸਿੰਘ ਸਮੁੰਦਰੀ ਹਾਲ, ਸ੍ਰੀ ਅਮ੍ਰਿਤਸਰ।

ਨੰਬਰ 2307/(T) ਮਿਤੀ 22-01-2026

ਉਤਾਰਾ:
1. ਸਕੱਤਰ ਸਾਹਿਬ, ਸ਼੍ਰੋਮਣੀ ਗੁ:ਪ੍ਰ:ਕਮੇਟੀ।
2. ਡਾਇਰੈਕਟਰ ਜੀ, ਡਾਇਰੈਕਟੋਰੇਟ ਆਫ਼ ਐਜੂਕੇਸ਼ਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਬਹਾਦਰਗੜ੍ਹ (ਪਟਿਆਲਾ)
3. ਨਿੱਜੀ ਸਕੱਤਰ ਜੀ (ਪ੍ਰਧਾਨ ਸਾਹਿਬ) ਸ਼੍ਰੋਮਣੀ ਗੁ:ਪ੍ਰ:ਕਮੇਟੀ।
4. ਇੰਚਾਰਜ ਜੀ (ਵਿੱਦਿਆ ਵਿਭਾਗ) ਸ਼੍ਰੋਮਣੀ ਗੁ:ਪ੍ਰ:ਕਮੇਟੀ।
5. ਡਿਪਟੀ ਡਾਇਰੈਕਟਰ ਜੀ, ਨਿਸਚੈ ਪ੍ਰਸਾਸ਼ਕੀ ਸੇਵਾਵਾਂ ਸਿਖਲਾਈ ਕੇਂਦਰ, ਚੰਡੀਗੜ੍ਹ।
6. ਡਿਪਟੀ ਡਾਇਰੈਕਟਰ ਜੀ, ਨਿਸਚੈ ਅਕੈਡਮੀ ਫਾਰ ਜੁਡੀਸ਼ੀਅਲ ਸਰਵਿਸਜ਼ ਬਹਾਦਰਗੜ੍ਹ (ਪਟਿਆਲਾ)

-ਪਾਸ ਗਿਆਤ ਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

(ਕੁਲਵੰਤ ਸਿੰਘ ਮੰਨਣ)
ਮੁੱਖ ਸਕੱਤਰ,
ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ,
ਸ੍ਰੀ ਅੰਮ੍ਰਿਤਸਰ ਸਾਹਿਬ।